ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ
ਐਟ ਪੰ.ਸ.ਸਿੱ.ਬੋਰਡ ਕੰਪਲੈਕਸ, ਫੇਜ਼-VIII, ਐਸ.ਏ.ਐਸ. ਨਗਰ।
(ਕੋਆਰਡੀਨੇਸ਼ਨ ਸ਼ਾਖਾ)
(email. dpise.coordination@punjabeducation.gov.in)

---

ਸੇਵਾ ਵਿਖੇ

1. ਸਮੂਹ ਜਿਲ੍ਹਾ ਸਿੱਖਿਆ ਅਫਸਰ, ਪੰਜਾਬ।
2. ਸਮੂਹ ਸਕੂਲ ਮੁਖੀ, ਪੰਜਾਬ।

ਮੀਮੋ ਨੰ.591821/DPISE-Cord/੨੧੧ 737
ਮਿਤੀ: ੨੯/10/੨੦੨੪

ਵਿਸ਼ਾ:- ਅੰਤਰਰਾਸ਼ਟਰੀ ਪੰਜਾਬੀ ਬੋਲੀ ਉਲੰਪਿਆਡ-2024 ਦੀ ਪ੍ਰਤੀਯੋਗਿਤਾ ਲਈ ਰਜਿਸਟਰੇਸ਼ਨ ਕਰਾਉਣ ਸਬੰਧੀ।

ਹਵਾਲਾ: ਪੰਜਾਬ ਸਕੂਲ ਸਿੱਖਿਆ ਬੋਰਡ ਦਾ ਪੱਤਰ ਨੰ. 62 ਮਿਤੀ 23.10.2024.

ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਪੱਤਰ ਦੀ ਕਾਪੀ ਆਪ ਨੂੰ ਯੋਗ ਕਾਰਵਾਈ ਹਿੱਤ ਭੇਜੀ ਜਾਂਦੀ ਹੈ।

ਨੱਥੀ: ਉਕਤ ਅਨੁਸਾਰ

[signature] 28.10.24
ਸਹਾਇਕ ਡਾਇਰੈਕਟਰ (ਕੋਆਰਡੀਨੇਸ਼ਨ)

# ਪੰਜਾਬ ਸਕੂਲ ਸਿੱਖਿਆ ਬੋਰਡ

ਐਸ. ਏ. ਐਸ. ਨਗਰ (ਮੋਹਾਲੀ) - 160 062

## PUNJAB SCHOOL EDUCATION BOARD

S.A.S. Nagar (Mohali)-160 062


ਨੰਬਰ 62

ਮਿਤੀ 23-10-24

**ਅਤਿ ਜਰੂਰੀ**

24-10-24

ਵੱਲ

ਡਾਇਰੈਕਟਰ, ਸਕੂਲ ਐਜੂਕੇਸ਼ਨ (ਸੈਕੰ.)

ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਈ-ਬਲਾਕ, ਫੇਸ-8

ਸਾਹਿਬਜ਼ਾਦਾ ਅਜੀਤ ਸਿੰਘ ਨਗਰ 160062

**ਵਿਸ਼ਾ:- ਅੰਤਰਰਾਸ਼ਟਰੀ ਪੰਜਾਬੀ ਬੋਲੀ ਉਲੰਪਿਆਡ-2024 ਦੀ ਪ੍ਰਤੀਯਗਤਾ ਲਈ ਰਜਿਸਟਰੇਸ਼ਨ ਕਰਾਉਣ ਸਬੰਧੀ।**

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਵਿਦਿਆਰਥੀਆਂ ਵਿੱਚ ਮਾਂ ਬੋਲੀ ਪੰਜਾਬੀ ਪ੍ਰਤੀ ਪਿਆਰ ਅਤੇ ਉਤਸ਼ਾਹ ਪੈਦਾ ਕਰਨ ਲਈ "ਅੰਤਰਰਾਸ਼ਟਰੀ ਪੰਜਾਬੀ ਬੋਲੀ ਉਲੰਪਿਆਡ-2024" ਪ੍ਰਤੀਯੋਗਤਾ ਕਰਵਾਈ ਜਾ ਰਹੀ ਹੈ, ਜੋ ਕਿ ਇਸ ਵਾਰ ਤਿੰਨ ਵਰਗਾਂ ਤੀਸਰੀ ਤੋਂ ਪੰਜਵੀ, ਛੇਵੀਂ ਤੋਂ ਅੱਠਵੀ ਅਤੇ ਨੌਵੀਂ ਤੋਂ ਬਾਰ੍ਹਵੀਂ ਅਨੁਸਾਰ ਹੋਵੇਗੀ। (ਰਜਿਸਟਰੇਸ਼ਨ ਫੀਸ 100 ਰੁਪਏ ਪ੍ਰਤੀ ਵਿਦਿਆਰਥੀ) ਇਸ ਸਬੰਧੀ ਰਜਿਸਟਰੇਸ਼ਨ ਬੋਰਡ ਦੀ ਵੈੱਬਸਾਈਟ ਅਤੇ ਪੋਰਟਲ https://www.pseb.ac.in/olympiad ਉੱਪਰ ਸ਼ੁਰੂ ਹੋ ਚੁੱਕੀ ਹੈ। ਆਨਲਾਈਨ ਰਜਿਸਟਰੇਸ਼ਨ ਲਈ ਅੰਤਿਮ ਮਿਤੀ 30-10-2024 ਨਿਰਧਾਰਿਤ ਕੀਤੀ ਗਈ ਹੈ। ਪ੍ਰਤੀਯੋਗਤਾ ਮਿਤੀ 7 ਅਤੇ 8 ਦਸੰਬਰ 2024 ਨੂੰ ਆਨਲਾਈਨ ਮੋਡ ਰਾਹੀਂ ਕਰਵਾਈ ਜਾ ਰਹੀ ਹੈ। ਇਸ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਬੋਰਡ ਦੀ ਵੈੱਬਸਾਈਟ ਤੇ ਉਪਲੱਬਧ ਹੈ।

ਇਸ ਕਾਰਜ ਦੀ ਸਫਲਤਾ ਲਈ ਆਪ ਜੀ ਦੇ ਸਹਿਯੋਗ ਦੀ ਜਰੂਰਤ ਹੈ। ਵਿਦਿਆਰਥੀਆਂ ਵਿੱਚ ਪੰਜਾਬੀ ਮਾਂ ਬੋਲੀ ਦੀ ਲੋਕਪ੍ਰਿਅਤਾ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਇਸ ਉਪਰਾਲੇ ਸਬੰਧੀ ਪੰਜਾਬ ਦੇ ਸਮੂਹ ਜਿਲ੍ਹਾ ਸਿੱਖਿਆ ਅਫਸਰਾਂ ਅਤੇ ਸਕੂਲ ਮੁਖੀਆਂ ਨੂੰ ਸੂਚਿਤ ਕੀਤਾ ਜਾਵੇ ਕਿ ਵਿਦਿਅਰਥੀਆਂ ਨੂੰ ਇਸ ਸਬੰਧੀ ਉਚੇਚੇ ਤੌਰ ਤੇ ਜਾਣੂ ਕਰਵਾਉਣ ਅਤੇ ਵਿਦਿਆਰਥੀਆਂ ਨੂੰ ਇਸ ਪ੍ਰਤੀਯੋਗਤਾ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕਰਨ।

**ਇਸ ਨੂੰ ਪਰਮ ਅਗੇਤ ਦਿੱਤੀ ਜਾਵੇ।**

ਸਕੱਤਰ

ਪੰਜਾਬ ਸਕੂਲ ਸਿੱਖਿਆ ਬੋਰਡ।